# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਮੇਅਰ ਸ਼ਿਵ ਸੂਦ ਨੇ ਵਾਰਡ ਨੰ: 11 ਦੇ ਵਿਕਾਸ ਕਾਰਜਾਂ ਅਤੇ ਮੁਸ਼ਕਲਾਂ ਸਬੰਧੀ ਜਾਣਕਾਰੀ ਲੈਣ ਲਈ ਕੀਤਾ ਦੌਰਾ

ਹੁਸ਼ਿਆਰਪੁਰ 3 ਜੁਲਾਈ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਵਾਰਡ ਨੰ: 11 ਵਿਚ ਚੱਲ ਰਹੇ ਵਿਕਾਸ ਕਾਰਜਾਂ ਅਤੇ ਮੁਸ਼ਕਲਾਂ ਸਬੰਧੀ ਜਾਣਕਾਰੀ ਲੈਣ ਲਈ ਵਿਸ਼ੇਸ਼ ਦੌਰਾ ਕੀਤਾ। ਇਸ ਮੌਕੇ ਤੇ ਉਹਨਾਂ ਨੇ ਵਾਰਡ ਨੰ: 11 ਦੇ ਕੌਂਸਲਰ ਸ੍ਰੀਮਤੀ ਰਣਜੀਤ ਚੌਧਰੀ ਨੂੰ ਨਾਲ ਲੈ ਕੇ ਮੁਹੱਲਾ ਬਸੰਤ ਬਿਹਾਰ ਦੇ ਨਿਵਾਸੀਆਂ ਨਾਲ ਮੁਸ਼ਕਲਾਂ ਸਬੰਧੀ ਵਿਸਥਾਰਪੂਰਵਕ ਵਿਚਾਰ ਵਟਾਂਦਰਾ ਕੀਤਾ। ਏ.ਐਮ.ਈ ਹਰਪ੍ਰੀਤ ਸਿੰਘ, ਐਸ.ਓ ਗੁਰਪ੍ਰੀਤ ਸਿੰਘ ਅਤੇ ਮੰਡਲ ਪ੍ਰਧਾਨ ਵਿਨੋਦ ਪਰਮਾਰ ਵੀ ਇਸ ਮੌਕੇ ਤੇ ਉਹਨਾਂ ਦੇ ਨਾਲ ਸਨ। ਸ਼ਿਵ ਸੂਦ ਨੇ ਮੌਕੇ ਤੇ ਸਬੰਧਤ ਅਧਿਕਾਰੀਆਂ ਨੂੰ ਬਸੰਤ ਬਿਹਾਰ ਦੀਆਂ ਮੁਸ਼ਕਲਾਂ ਦਾ ਹੱਲ ਕਰਨ ਲਈ ਕਿਹਾ। ਸ਼ਿਵ ਸੂਦ ਨੇ ਕਿਹਾ ਕਿ ਉਹਨਾਂ ਵੱਲੋਂ ਨਗਰ ਨਿਗਮ ਦੇ ਵੱਖ-ਵੱਖ ਵਾਰਡਾਂ ਦਾ ਦੌਰਾ ਕਰਕੇ ਕੀਤੇ ਜਾ ਰਹੇ ਵਿਕਾਸ ਕੰਮਾਂ ਬਾਰੇ ਜਾਣਕਾਰੀ ਅਤੇ ਵੱਖ-ਵੱਖ ਮੁਹੱਲਿਆਂ ਵਿਚ ਆ ਰਹੀਆਂ ਮੁਸ਼ਕਲਾਂ ਨੂੰ ਹੱਲ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।

ਡਾ. ਨਰਿੰਦਰ ਚੌਧਰੀ, ਕੇ.ਕੇ ਚੋਪੜਾ, ਪ੍ਰੇਮ ਸਿੰਘ ਕਾਹਲੋਂ, ਗਿਆਨ ਚੰਦ, ਸ਼ਰਨ ਪਾਲ, ਰਾਕੇਸ਼ ਚੰਦ, ਬਲਬੀਰ ਸਿੰਘ, ਹਰਚਰਨ ਸਿੰਘ, ਬਲਵੰਤ ਸਿੰਘ, ਕੇ.ਆਰ ਆਹਲੂਵਾਲੀਆ, ਸੁਰਜੀਤ ਸਿੰਘ, ਜੀਵਨ ਆਨੰਦ, ਕੁਲਵੰਤ ਕੌਰ, ਉਪਾਸਨਾ, ਕਮਲੇਸ਼, ਗੀਤਾ, ਊਸ਼ਾ ਰਾਣੀ, ਚਰਨਜੀਤ ਕੌਰ, ਰੂਚੀਕਾ ਅਤੇ ਮੁਹੱਲਾ ਨਿਵਾਸੀ ਵੱਡੀ ਗਿਣਤੀ ਵਿਚ ਹਾਜ਼ਰ ਸਨ।